ਬਸੰਤੁ ਮਹਲਾ ੩ ॥ਮਾਇਆ ਮੋਹੁ ਸਬਦਿ ਜਲਾਏ ॥ ਮਨੁ ਤਨੁ ਹਰਿਆ ਸਤਿਗੁਰ ਭਏ ॥ਸਫਲਿਉ ਬਿਰਖੁ ਹਰਿ ਕੈ ਦੁਆਰਿ ॥ ਸਾਚੀ ਬਾਣੀ ਨਾਮ ਪਿਆਰਿ ॥ ੧॥ ਏ ਮਨ ਹਰਿਆ ਸਹਜ ਸੁਭਾਇ ॥ ਸਚ ਫਲੁ ਲਾਗੈ ਸਤਿਗੁਰ ਭਾਇ ॥੧॥ ਰਹਾਉ ॥ ਆਪੇ ਨੇੜੈ ਆਪੇ ਦੂਰਿ ॥ ਗੁਰ ਕੈ ਸਬਦਿ ਵੇਖੈ ਸਦ ਹਜੂਰਿ ॥ ਛਾਵ ਘਣੀ ਫੂਲੀ ਬਨਰਾਇ ॥ ਗੁਰਮੁਖਿ ਬਿਗਸੈ ਸਹਜਿ ਸੁਭਾਇ ॥੨॥ਅਨਦਿਨੁ ਕੀਰਤਨੁ ਕਰਹਿ ਦਿਨ ਰਾਤਿ ॥ ਸਤਿਗੁਰਿ ਗਵਾਈ ਵਿਚਹੁ ਜੂਠਿ ਭਰਾਂਤਿ ॥ ਪਰਪੰਚ ਵੇਖਿ ਰਹਿਆ ਵਿਸਮਾਦੁ ॥ਗੁਰਮੁਖਿ ਪਾਈਐ ਨਾਮ ਪ੍ਰਸਾਦੁ ॥੩॥ਆਪੇ ਕਰਤਾ ਸਭਿ ਰਸ ਭੋਗ ॥ ਜੋ ਕਿਛੁ ਕਰੇ ਸੋਈ ਪਰੁ ਹੋਗ ॥ ਵਡਾ ਦਾਤਾ ਤਿਲੁ ਨ ਤਮਾਇ ॥ ਨਾਨਕ ਮਿਲੀਐ ਸਬਦੁ ਕਮਾਇ ॥ ੪॥੬॥ {ਪੰਨਾ 1173-1174}

ਪਦਅਰਥ:- ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਹਰਿਆ—ਆਤਮਕ ਜੀਵਨ ਨਾਲ ਭਰਪੂਰ। ਸਤਿਗੁਰ ਭਾਏ—ਸਤਿਗੁਰ ਭਾਇ, ਗੁਰੂ ਦੇ ਪਿਆਰ ਵਿਚ (ਟਿਕ ਕੇ)। ਸਫਲਿਓ—ਫਲ ਦੇਣ ਵਾਲਾ। ਬਿਰਖੁ—ਰੁੱਖ। ਕੈ ਦੁਆਰਿ—ਦੇ ਦਰ ਤੇ। ਸਾਚੀ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ। ਨਾਮ ਪਿਆਰਿ—ਹਰਿ-ਨਾਮ ਦੇ ਪਿਆਰ ਵਿਚ।1।

ਏ ਮਨ—ਹੇ ਮਨ! {ਸੰਬੋਧਨ}। ਸਹਜ ਸੁਭਾਇ—ਆਤਮਕ ਅਡੋਲਤਾ ਦੇਣ ਵਾਲੇ ਪ੍ਰਭੂ-ਪਿਆਰ ਵਿਚ। ਸਚ ਫਲੁ—ਸਦਾ-ਥਿਰ ਪ੍ਰਭੂ ਦਾ ਨਾਮ-ਫਲ।1। ਰਹਾਉ।

ਆਪੇ—ਪ੍ਰਭੂ ਆਪ ਹੀ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਸਦ—ਸਦਾ। ਹਜੂਰਿ—ਹਾਜ਼ਰ-ਨਾਜ਼ਰ, ਅੰਗ-ਸੰਗ। ਘਣੀ—ਸੰਘਣੀ। ਫੂਲੀ—ਖਿੜੀ ਹੋਈ। ਬਨਰਾਇ—ਬਨਸਪਤੀ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਬਿਗਸੈ—ਖਿੜਦਾ ਹੈ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਇ—ਪ੍ਰਭੂ-ਪਿਆਰ ਵਿਚ।2।

ਅਨਦਿਨੁ—ਹਰ ਰੋਜ਼, ਹਰ ਵੇਲੇ {Anuidnwz}। ਕਰਹਿ—ਕਰਦੇ ਹਨ {ਬਹੁ-ਬਚਨ}। ਸਤਿਗੁਰਿ—ਗੁਰੂ ਨੇ। ਜੂਠਿ ਭਰਾਂਤਿ—ਭਟਕਣਾ ਦੀ ਜੂਠ, ਭਟਕਣਾ ਦੀ ਮੈਲ। ਪਰਪੰਚ—ਜਗਤ-ਖਿਲਾਰਾ। ਵਿਸਮਾਦੁ—ਹੈਰਾਨ। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ। ਪ੍ਰਸਾਦੁ—ਖ਼ੈਰ, ਦਾਨ।3।

ਆਪੇ—ਆਪ ਹੀ। ਸਭਿ—ਸਾਰੇ। ਪਰੁ ਹੋਗ—ਜ਼ਰੂਰ ਹੋਵੇਗਾ। ਤਿਲੁ—ਰਤਾ ਭਰ ਭੀ। ਤਮਾਇ—ਲਾਲਚ। ਸਬਦੁ ਕਮਾਇ—ਸ਼ਬਦ ਕਮਾ ਕੇ, ਗੁਰੂ ਦੇ ਸ਼ਬਦ ਅਨੁਸਾਰ ਤੁਰ ਕੇ।4।

ਅਰਥ:- ਹੇ (ਮੇਰੇ) ਮਨ! ਆਤਮਕ ਅਡੋਲਤਾ ਦੇਣ ਵਾਲੇ (ਗੁਰ-) ਪਿਆਰ ਵਿਚ (ਟਿਕਿਆ ਰਹੁ। ਇਸ ਤਰ੍ਹਾਂ ਤੂੰ) ਆਤਮਕ ਜੀਵਨ ਦੀ ਤਰਾਵਤ ਨਾਲ ਭਰਪੂਰ ਹੋ ਜਾਇਂਗਾ। ਹੇ ਮਨ! ਗੁਰੂ ਦੇ ਪਿਆਰ ਦੀ ਬਰਕਤਿ ਨਾਲ (ਸਰੀਰ-ਰੁੱਖ ਨੂੰ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦਾ ਨਾਮ-ਫਲ ਲੱਗਦਾ ਹੈ।1। ਰਹਾਉ।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਮਾਇਆ ਦਾ ਮੋਹ ਸਾੜ ਦੇਂਦਾ ਹੈ, ਗੁਰੂ ਦੇ ਪਿਆਰ ਦੀ ਬਰਕਤਿ ਨਾਲ ਉਸ ਦਾ ਮਨ ਉਸ ਦਾ ਤਨ ਆਤਮਕ ਜੀਵਨ ਨਾਲ ਭਰਪੂਰ ਹੋ ਜਾਂਦਾ ਹੈ। ਹੇ ਭਾਈ! ਜਿਹੜਾ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਿਚ, ਹਰਿ-ਨਾਮ ਦੇ ਪਿਆਰ ਵਿਚ (ਟਿਕ ਕੇ ਸਦਾ) ਪਰਮਾਤਮਾ ਦੇ ਦਰ ਤੇ (ਪ੍ਰਭੂ-ਚਰਨਾਂ ਵਿਚ) ਟਿਕਿਆ ਰਹਿੰਦਾ ਹੈ ਉਸ ਦਾ (ਸਰੀਰ-) ਰੁੱਖ ਸਫਲ ਹੋ ਜਾਂਦਾ ਹੈ।1।

ਹੇ ਭਾਈ! ਗੁਰੂ ਦੇ ਸ਼ਬਦ ਦੀ ਬਰਕਤਿ ਨਾਲ (ਜਿਹੜਾ ਮਨੁੱਖ ਪਰਮਾਤਮਾ ਨੂੰ) ਸਦਾ ਆਪਣੇ ਅੰਗ-ਸੰਗ ਵੱਸਦਾ ਵੇਖਦਾ ਹੈ (ਉਸ ਨੂੰ ਸਮਝ ਆ ਜਾਂਦੀ ਹੈ ਕਿ ਪ੍ਰਭੂ) ਆਪ ਹੀ (ਕਿਸੇ ਨੂੰ) ਨੇੜੇ (ਦਿੱਸ ਰਿਹਾ ਹੈ) ਆਪ ਹੀ (ਕਿਸੇ ਨੂੰ ਦੂਰ ਵੱਸਦਾ ਜਾਪਦਾ ਹੈ। ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਆਤਮਕ ਅਡੋਲਤਾ ਵਿਚ ਟਿਕ ਕੇ

ਪ੍ਰਭੂ-ਪਿਆਰ ਵਿਚ ਜੁੜ ਕੇ (ਸਦਾ) ਆਨੰਦ-ਭਰਪੂਰ ਰਹਿੰਦਾ ਹੈ (ਉਸ ਨੂੰ ਪਰਤੱਖ ਦਿੱਸਦਾ ਹੈ ਕਿ ਪਰਮਾਤਮਾ ਦੀ ਜੋਤਿ-ਅਗਨੀ ਨਾਲ ਹੀ) ਸਾਰੀ ਬਨਸਪਤੀ ਸੰਘਣੀ ਛਾਂ ਵਾਲੀ ਹੈ ਤੇ ਖਿੜੀ ਹੋਈ ਹੈ।2।

ਹੇ ਭਾਈ! ਜਿਹੜੇ ਮਨੁੱਖ ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਹਨ, ਗੁਰੂ ਨੇ ਉਹਨਾਂ ਦੇ ਅੰਦਰੋਂ (ਮਾਇਆ ਦੀ ਖ਼ਾਤਰ) ਭਟਕਣਾ ਦੀ ਮੈਲ ਦੂਰ ਕਰ ਦਿੱਤੀ ਹੈ। ਹੇ ਭਾਈ! ਗੁਰੂ ਦੇ ਸਨਮੁਖ ਰਿਹਾਂ ਪਰਮਾਤਮਾ ਦੇ ਨਾਮ ਦੀ ਦਾਤਿ ਮਿਲਦੀ ਹੈ (ਜਿਸ ਨੂੰ ਇਹ ਦਾਤਿ ਮਿਲਦੀ ਹੈ ਉਹ ਮਨੁੱਖ ਪਰਮਾਤਮਾ ਦੀ ਰਚੀ ਇਸ) ਜਗਤ-ਖੇਡ ਨੂੰ ਵੇਖ ਕੇ 'ਵਾਹ ਵਾਹ' ਕਰ ਉੱਠਦਾ ਹੈ।3।

ਹੇ ਭਾਈ! (ਪਰਮਾਤਮਾ ਸਭ ਥਾਈਂ ਵਿਆਪਕ ਹੋ ਕੇ) ਆਪ ਹੀ ਸਾਰੇ ਰਸ ਭੋਗ ਰਿਹਾ ਹੈ। ਜੋ ਕੁਝ ਉਹ ਪ੍ਰਭੂ ਕਰਨਾ ਚਾਹੁੰਦਾ ਹੈ ਜ਼ਰੂਰ ਉਹੀ ਹੁੰਦਾ ਹੈ। ਉਹ ਪਰਮਾਤਮਾ ਸਭ ਤੋਂ ਵੱਡਾ ਦਾਤਾ ਹੈ, ਉਸ ਨੂੰ ਆਪ ਨੂੰ ਰਤਾ ਭਰ ਭੀ ਕੋਈ ਲਾਲਚ ਨਹੀਂ ਹੈ। ਹੇ ਨਾਨਕ! ਗੁਰੂ ਦੇ ਸ਼ਬਦ ਨੂੰ ਆਪਣੇ ਜੀਵਨ ਵਿਚ ਢਾਲ ਕੇ (ਹੀ ਉਸ ਨੂੰ) ਮਿਲਿਆ ਜਾ ਸਕਦਾ ਹੈ।4।6।